# ਦਫ਼ਤਰ ਜਿਲ੍ਹਾ ਮੈਜਿਸਟਰੇਟ,ਬਰਨਾਲਾ

(ਐਮ.ਏ.ਸ਼ਾਖਾ)

**ਫੌਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਹੁਕਮ ਜਿਲ੍ਹਾ ਬਰਨਾਲਾ**

ਹੁਕਮ ਨੰ:...833.../ਐਮ.ਏ. ਮਿਤੀ...24/04.../2019

## ਹੁਕਮ

ਮੇਰੇ ਧਿਆਨ ਵਿੱਚ ਆਇਆ ਹੈ ਕਿ ਅੱਜ ਕੱਲ ਪਤੰਗ/ਗੁੱਡੀਆਂ ਉਡਾਉਣ ਲਈ ਜਿਹੜੀ ਡੋਰ ਦੀ ਵਰਤੋਂ ਕੀਤੀ ਜਾ ਰਹੀ ਹੈ, ਉਹ ਸੂਤੀ ਡੋਰ ਤੋ ਹੱਟ ਕੇ ਸੰਥੈਟਿਕ/ਪਲਾਸਟਿਕ ਦੀ ਬਣੀ ਡੋਰ/ਚਾਇਨਾ ਡੋਰ ਅਤੇ ਮਾਂਜਾ ਦਾ ਇਸਤੇਮਾਲ ਕੀਤਾ ਜਾ ਰਿਹਾ ਹੈ। ਜੋ ਬਹੁਤ ਮਜਬੂਤ, ਨਾ-ਗਲਣਯੋਗ ਅਤੇ ਨਾ-ਟੁੱਟਣ ਯੋਗ ਹਨ। ਇਹ ਡੋਰ ਪਤੰਗਬਾਜੀ ਸਮੇਂ ਪਤੰਗ/ਗੁੱਡੀਆਂ ਉਡਾਉਣ ਵਾਲਿਆਂ ਦੇ ਹੱਥ ਅਤੇ ਉਂਗਲਾਂ ਕੱਟ ਦਿੰਦੀ ਹੈ। ਸਾਇਕਲ, ਸਕੂਟਰ ਚਾਲਕਾਂ ਦੇ ਗਲ ਅਤੇ ਕੰਨ ਕੱਟੇ ਜਾਣ ਅਤੇ ਉੱਡਦੇ ਪੰਛੀਆਂ ਦੇ ਫਸ ਜਾਣ ਤੇ ਉਹਨਾਂ ਦੇ ਮਰਨ/ਜਖਮੀ ਹੋਣ ਬਾਰੇ ਕਾਫੀ ਘਟਨਾਵਾਂ ਵਾਪਰੀਆਂ ਹਨ। ਇਸ ਤੋਂ ਇਲਾਵਾ ਡੋਰ ਵਿੱਚ ਫਸੇ ਪੰਛੀਆਂ ਦੀ ਮੌਤ ਹੋ ਜਾਣ ਤੇ ਉਹਨਾਂ ਦੇ ਰੁੱਖਾਂ ਤੇ ਟੰਗੇ ਰਹਿਣ ਕਾਰਨ ਬਦਬੂ ਨਾਲ ਵਾਤਾਵਰਨ ਵੀ ਦੂਸ਼ਿਤ ਹੁੰਦਾ ਹੈ। ਇਸ ਤਰ੍ਹਾਂ ਸੰਥੈਟਿਕ/ਪਲਾਸਟਿਕ ਦੀ ਬਣੀ ਡੋਰ/ਚਾਇਨਾ ਡੋਰ ਅਤੇ ਮਾਂਜਾ ਜਦੋਂ ਪਤੰਗ/ਗੁੱਡੀਆਂ ਉਡਾਉਣ ਲਈ ਵਰਤੇ ਜਾਂਦੇ ਹਨ ਤਾਂ ਇਹ ਮਨੁੱਖੀ ਜਾਨਾਂ ਅਤੇ ਪੰਛੀਆਂ ਲਈ ਘਾਤਕ ਸਿੱਧ ਹੁੰਦੇ ਹਨ। ਇੰਨ੍ਹਾ ਤੱਥਾਂ ਨੂੰ ਮੁੱਖ ਰੱਖਦਿਆਂ ਸੰਥੈਟਿਕ/ਪਲਾਸਟਿਕ ਦੀ ਬਣੀ ਡੋਰ/ਚਾਇਨਾ ਡੋਰ ਅਤੇ ਮਾਂਜਾ ਨੂੰ ਪਤੰਗ/ਗੁੱਡੀਆਂ ਲਈ ਵਰਤਣ, ਵੇਚਣ/ਖਰੀਦਣ ਅਤੇ ਸਟੋਰ ਕਰਨ ਤੇ ਪੂਰਨ ਰੋਕ ਲਗਾਉਣ ਲਈ ਤੁਰੰਤ ਕਦਮ ਚੁੱਕਣ ਦੀ ਅਤਿਅੰਤ ਲੋੜ ਹੈ।

ਇਸ ਲਈ ਉਪਰੋਕਤ ਸਥਿਤੀ ਨੂੰ ਮੁੱਖ ਰੱਖਦੇ ਹੋਏ ਮੈਂ, **ਤੇਜ ਪ੍ਰਤਾਪ ਸਿੰਘ ਫੂਲਕਾ, ਆਈ.ਏ.ਐਸ, ਜਿਲ੍ਹਾ ਮੈਜਿਸਟਰੇਟ, ਬਰਨਾਲਾ** ਜਾਬਤਾ ਫੌਜਦਾਰੀ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਾ ਹੋਇਆ ਜਿਲ੍ਹਾ ਬਰਨਾਲਾ ਅੰਦਰ ਪਤੰਗ/ਗੁੱਡੀਆਂ ਉਡਾਓਣ ਲਈ ਸੰਥੈਟਿਕ/ਪਲਾਸਟਿਕ ਦੀ ਬਣੀ ਡੋਰ/ਚਾਇਨਾ ਡੋਰ ਅਤੇ ਮਾਂਜਾ (ਕੱਚ ਦੇ ਪਾਊਡਰ ਲੱਗੇ ਹੋਏ ਧਾਗੇ) ਨੂੰ ਵੇਚਣ/ਖਰੀਦਣ, ਸਟੋਰ ਕਰਨ ਅਤੇ ਇਸਦੀ ਵਰਤੋ ਕਰਨ ਤੇ ਮੁਕੰਮਲ ਤੌਰ ਤੇ ਪਾਬੰਦੀ ਲਗਾਉਂਦਾ ਹਾਂ। ਇਹ ਪਾਬੰਦੀ ਧਾਗੇ ਵਾਲੀ ਡੋਰ ਤੇ ਲਾਗੂ ਨਹੀਂ ਹੋਵੇਗੀ।

ਮਾਮਲੇ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕ ਤਰਫਾ ਪਾਸ ਕੀਤਾ ਜਾਂਦਾ ਹੈ ਅਤੇ ਆਮ ਲੋਕਾਂ ਦੇ ਨਾਮ ਜਾਰੀ ਕੀਤਾ ਜਾਂਦਾ ਹੈ। ਇਹ ਹੁਕਮ ਜਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ ਵੱਲੋਂ ਪ੍ਰੈਸ ਨੋਟ ਜਾਰੀ ਕਰਕੇ, ਲੋਕਲ ਟੀ.ਵੀ. ਰਾਹੀਂ ਪ੍ਰਚਾਰ ਅਤੇ ਮੁਨਾਦੀ ਕਰਵਾਕੇ ਅਤੇ ਇਸ ਹੁਕਮ ਦੀਆਂ ਕਾਪੀਆਂ ਪੁਲਿਸ ਸਟੇਸ਼ਨਾਂ/ਨਗਰ ਪਾਲਿਕਾਵਾਂ/ਸਦਰ ਮੁਕਾਮਾਂ/ਉਪ ਮੰਡਲ ਮੈਜਿਸਟਰੇਟ/ਤਹਿਸੀਲਦਾਰ/ਡੀ.ਡੀ.ਪੀ.ਓ/ਬੀ.ਡੀ.ਪੀ.ਓਜ ਦੇ ਦਫਤਰਾਂ ਦੇ ਨੋਟਿਸ ਬੋਰਡਾਂ ਅਤੇ ਜਿਲ੍ਹਾ ਪੱਧਰ ਦੀਆਂ ਨੁਮਾਇਆ ਥਾਵਾਂ ਤੇ ਚਸਪਾ ਕਰਕੇ ਲਾਗੂ ਕੀਤਾ ਜਾਵੇਗਾ।

**ਇਹ ਹੁਕਮ ਮੇਰੇ ਹਸਤਾਖਰਾਂ ਅਤੇ ਅਦਾਲਤੀ ਮੋਹਰ ਨਾਲ ਜਾਰੀ ਹੋਇਆ, ਜੋ ਮਿਤੀ: 26/04/2019 ਤੋ ਲੈਕੇ ਮਿਤੀ: 25/06/2019 ਤੱਕ ਜਿਲ੍ਹਾ ਬਰਨਾਲਾ ਅੰਦਰ ਲਾਗੂ ਰਹੇਗਾ।**

ਤੇਜ ਪ੍ਰਤਾਪ ਸਿੰਘ ਫੂਲਕਾ, ਆਈ.ਏ.ਐਸ.
ਜਿਲ੍ਹਾ ਮੈਜਿਸਟਰੇਟ, ਬਰਨਾਲਾ।

ਜਿਲ੍ਹਾ ਮੈਜਿਸਟਰੇਟ ਬਰਨਾਲਾ

**ਪਿੱਠ ਅੰਕਣ ਨੰ: 6136-6195 /ਐਮ.ਏ. ਮਿਤੀ:25/04.../2019**

**ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਪਾਸ ਸੂਚਨਾ/ਲੋੜੀਂਦੀ ਕਾਰਵਾਈ ਲਈ ਭੇਜਿਆ ਜਾਂਦਾ ਹੈ:-**

1) ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2) ਪ੍ਰਿੰਸੀਪਲ ਸਕੱਤਰ, ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਪੰਜਾਬ ਚੰਡੀਗੜ੍ਹ।
3) ਕਮਿਸ਼ਨਰ ਪਟਿਆਲਾ ਮੰਡਲ, ਪਟਿਆਲਾ।
4) ਸਕੱਤਰ, ਪੰਜਾਬ ਸਰਕਾਰ, ਟਰਾਂਸਪੋਰਟ ਵਿਭਾਗ, ਚੰਡੀਗੜ੍ਹ।
5) ਡੀ.ਆਈ.ਜੀ (ਸੀ.ਆਈ.ਡੀ) ਪੰਜਾਬ, ਚੰਡੀਗੜ/ਡੀ.ਆਈ.ਜੀ, ਪੁਲਿਸ ਰੇਂਜ ਪਟਿਆਲਾ।
6) ਜਿਲ੍ਹਾ ਮੈਜਿਸਟਰੇਟ ਫਰੀਦਕੋਟ/ਫਿਰੋਜਪੁਰ/ਲੁਧਿਆਣਾ/ਜਲੰਧਰ/ਅੰਮ੍ਰਿਤਸਰ/ਕਪੂਰਥਲਾ/ਹੁਸ਼ਿਆਰਪੁਰ/ਪਟਿਆਲਾ/ਮਾਨਸਾ/ਮੁਕਤਸਰ/ਮੋਗਾ/ਸ਼ਹੀਦ ਭਗਤ ਸਿੰਘ ਨਗਰ (ਨਵਾਂ ਸ਼ਹਿਰ) /ਫਤਿਹਗੜ੍ਹ ਸਾਹਿਬ/ਸੰਗਰੂਰ/ਗੁਰਦਾਸਪੁਰ/ਫਾਜ਼ਿਲਕਾ/ਪਠਾਨਕੋਟ/ਰੂਪਨਗਰ/ਬਠਿੰਡਾ/ਅਜੀਤਗੜ੍ਹ(ਐਸ.ਏ.ਐਸ.ਨਗਰ-ਮੋਹਾਲੀ)/ਤਰਨਤਾਰਨ।
7) ਜਿਲ੍ਹਾ ਅਤੇ ਸ਼ੈਸ਼ਨ ਜੱਜ ਬਰਨਾਲਾ।
8) ਜਿਲ੍ਹਾ ਅਟਾਰਨੀ (ਲੀਗਲ), ਬਰਨਾਲਾ।
9) ਸੀਨੀਅਰ ਕਪਤਾਨ ਪੁਲਿਸ, ਬਰਨਾਲਾ।
10) ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਬਰਨਾਲਾ।
11) ਜਿਲ੍ਹਾ ਪ੍ਰੋਗਰਾਮ ਅਫ਼ਸਰ, ਬਰਨਾਲਾ/ਜਿਲ੍ਹਾ ਬਾਲ ਸੁਰੱਖਿਆ ਅਫ਼ਸਰ, ਬਰਨਾਲਾ।
12) ਉਪ ਮੰਡਲ ਮੈਜਿਸਟਰੇਟ, ਬਰਨਾਲਾ/ਤਪਾ ਅਤੇ ਜਿਲ੍ਹਾ ਮਾਲ ਅਫਸਰ ਬਰਨਾਲਾ
13) ਤਹਿਸੀਲਦਾਰ ਬਰਨਾਲਾ/ਤਪਾ ਅਤੇ ਨਾਇਬ ਤਹਿਸੀਲਦਾਰ ਬਰਨਾਲਾ/ਤਪਾ/ਭਦੌੜ/ਧਨੌਲਾ/ਮਹਿਲਕਲਾਂ
14) ਜਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ, ਬਰਨਾਲਾ ਅਤੇ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ, ਬਰਨਾਲਾ/ਸ਼ਹਿਣਾ/ਮਹਿਲਕਲਾਂ
15) ਕਾਰਜ ਸਾਧਕ ਅਫਸਰ, ਨਗਰ ਕੌਂਸਲ ਬਰਨਾਲਾ/ਤਪਾ/ਧਨੌਲਾ/ਭਦੌੜ/ਨਗਰ ਪੰਚਾਇਤ ਹੰਡਿਆਇਆ।
16) ਜਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ ਪਾਸ ਭੇਜਕੇ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਸਬੰਧੀ ਆਪਣੇ ਪੱਧਰ ਤੇ ਪ੍ਰੈਸ ਨੋਟ ਜਾਰੀ ਕੀਤਾ ਜਾਵੇ ਅਤੇ ਪ੍ਰਚਾਰ ਮੁਨਾਦੀ ਕਰਕੇ ਰਿਪੋਰਟ ਇਸ ਦਫ਼ਤਰ ਪਾਸ ਭੇਜਣੀ ਯਕੀਨੀ ਬਣਾਈ ਜਾਵੇ।
17) ਜਿਲ੍ਹਾ ਸਿੱਖਿਆ ਅਫਸਰ, (ਸੰਕੈ/ਐਲੀਂ), ਬਰਨਾਲਾ।
18) ਪੀ.ਏ.ਟੂ ਡੀ.ਐਮ./ਸਟੈਨੋਗਰਾਫਰ ਟੂ ਏ.ਡੀ.ਐਮ/ਸ.ਕ.(ਜ/ਸ਼ਿਕ) ਬਰਨਾਲਾ ਪਾਸ ਅਫ਼ਸਰ ਸਹਿਬਾਨ ਦੀ ਜਾਣਕਾਰੀ ਹਿੱਤ।

ਵਾ: ਜਿਲ੍ਹਾ ਮੈਜਿਸਟਰੇਟ
ਬਰਨਾਲਾ।